# ਪੰਦਰਾਂ ਅਗਸਤ



**ਸੁਤੰਤਰਤਾ ਦੀ ਜ਼ਰੂਰਤ –** ਚੰਗੀ ਜ਼ਿੰਦਗੀ ਲਈ ਸੁਤੰਤਰਤਾ ਮਨੁੱਖ ਲਈ ਓਨੀ ਹੀ ਜ਼ਰੂਰੀ ਹੈ ਜਿੰਨਾ ਜਿਊਂਦੇ ਰਹਿਣ ਲਈ ਸਾਹ ਲੈਣਾ। ਕੋਈ ਵਿਅਕਤੀ ਉਦੋਂ ਹੀ ਬੋਲਣ, ਸੁਣਨ, ਘੁੰਮਣ ਆਦਿ ਸੁਤੰਤਰਤਾ ਦਾ ਆਨੰਦ ਮਾਣ ਸਕਦਾ ਹੈ।

**ਵਿਦੇਸ਼ੀ ਪਠਾਣਾਂ ਤੇ ਮੁਗ਼ਲਾਂ ਵਿਰੁੱਧ ਸੰਘਰਸ਼ –** ਲਗਪਗ 1000 ਸਾਲ ਵੱਖ-ਵੱਖ ਸਮਿਆਂ 'ਤੇ ਵਿਦੇਸ਼ੀਆਂ ਨੇ ਭਾਰਤ ਨੂੰ ਗ਼ੁਲਾਮ ਬਣਾਇਆ ਤੇ ਲੁੱਟਿਆ। ਸਮੇਂ-ਸਮੇਂ ਦੇਸ ਭਰ ਵਿੱਚ ਵਿਦੇਸ਼ੀ ਹਮਲਾਵਰਾਂ ਦੇ ਅਨਿਆਂ ਵਿਰੁੱਧ ਭਾਰਤੀਆਂ ਵੱਲੋਂ ਹਥਿਆਰਬੰਦ ਸੰਘਰਸ਼ ਚਲਦੇ ਰਹੇ ਹਨ।

**ਅੰਗਰੇਜ਼ਾਂ ਵਿਰੁੱਧ ਸੰਘਰਸ਼ –** ਭਾਰਤ ਦੇ ਲੋਕਾਂ ਨੇ ਗ਼ੁਲਾਮੀ ਦੇ ਦੁੱਖ ਨੂੰ ਬਹੁਤਾ ਅੰਗਰੇਜ਼ੀ ਰਾਜ ਵਿੱਚ ਹੀ ਮਹਿਸੂਸ ਕੀਤਾ। ਸਮੁੱਚੇ ਭਾਰਤ ਵਿੱਚੋਂ ਉੱਠੇ ਦੇਸ-ਭਗਤਾਂ ਨੇ ਅੰਗਰੇਜ਼ੀ ਰਾਜ ਨੂੰ ਖ਼ਤਮ ਕਰਨ ਤੇ ਸੁਤੰਤਰਤਾ ਪ੍ਰਾਪਤੀ ਲਈ ਕੁਰਬਾਨੀਆਂ ਦਿੱਤੀਆਂ। ਕਰਤਾਰ ਸਿੰਘ ਸਰਾਭਾ, ਸ. ਅਜੀਤ ਸਿੰਘ, ਗੰਗਾਧਰ ਤਿਲਕ, ਸ਼ਹੀਦ ਭਗਤ ਸਿੰਘ, ਮਹਾਤਮਾ ਗਾਂਧੀ, ਲਾਲਾ ਲਾਜਪਤ ਰਾਏ, ਜਵਾਹਰ ਲਾਲ ਨਹਿਰੂ ਅਤੇ ਨੇਤਾ ਜੀ ਸੁਭਾਸ਼ ਚੰਦਰ ਬੋਸ ਆਦਿ ਅਜ਼ਾਦੀ ਦੀ ਲਹਿਰ ਦੇ ਪ੍ਰਸਿੱਧ ਆਗੂ ਹੋਏ ਹਨ।

**ਅਜ਼ਾਦੀ ਦੀ ਪ੍ਰਾਪਤੀ –** ਅੰਤ ਦੇਸ-ਭਗਤਾਂ ਦੀਆਂ ਸ਼ਹੀਦੀਆਂ ਅਤੇ ਕੁਰਬਾਨੀਆਂ ਅੱਗੇ ਝੁਕਦੇ 15 ਅਗਸਤ, 1947 ਈ. ਨੂੰ ਅੰਗਰੇਜ਼ ਭਾਰਤ ਛੱਡ ਕੇ ਚਲੇ ਗਏ ਤੇ ਭਾਰਤ ਵਿੱਚ ਅਜ਼ਾਦੀ ਦਾ ਸੂਰਜ ਨਿਕਲ਼ ਆਇਆ।

**ਸੁਤੰਤਰਤਾ ਦਿਵਸ ਦੇ ਸਮਾਰੋਹ –** 15 ਅਗਸਤ ਦਾ ਦਿਨ ਸਮੁੱਚੇ ਭਾਰਤ-ਵਾਸੀਆਂ ਲਈ ਗੌਰਵ ਭਰਿਆ ਦਿਨ ਹੈ। ਹਰ ਸਾਲ ਭਾਰਤ-ਵਾਸੀ ਇਸ ਦਿਨ ਨੂੰ ਇੱਕ ਤਿਉਹਾਰ ਵਾਂਗ ਮਨਾਉਂਦੇ ਹਨ। ਇਸ ਦਿਨ ਸਵੇਰੇ ਦੇਸ ਦੇ ਪ੍ਰਧਾਨ ਮੰਤਰੀ ਲਾਲ ਕਿਲ੍ਹੇ ਉੱਪਰ ਤਿਰੰਗਾ ਝੰਡਾ ਝੁਲਾਉਂਦੇ ਹਨ। ਉਹ ਅਜ਼ਾਦੀ ਦੇ ਯੋਧਿਆਂ ਨੂੰ ਸ਼ਰਧਾਂਜਲੀਆਂ ਭੇਟਾ ਕਰਦੇ ਹੋਏ ਕੌਮ ਦੇ ਨਾਂ ਸੰਦੇਸ਼ ਪ੍ਰਸਾਰਿਤ ਕਰਦੇ ਹਨ। ਦੇਸ ਦੀਆਂ ਸੈਨਾਵਾਂ ਪਰੇਡ ਕਰਦੀਆਂ ਹਨ ਤੇ ਭਾਰਤ ਦੀ ਸ਼ਕਤੀ ਦਾ ਪ੍ਰਦਰਸ਼ਨ ਕੀਤਾ ਜਾਂਦਾ ਹੈ। ਸਕੂਲੀ ਬੱਚੇ ਵੀ ਪਰੇਡ ਕਰਦੇ ਅਤੇ ਝਾਕੀਆਂ ਕੱਢਦੇ ਹਨ। ਰਾਸ਼ਟਰੀ ਗੀਤ ਗਾਇਆ ਜਾਂਦਾ ਹੈ।। ਸਾਰੇ ਦੇਸ ਵਾਸੀ ਟੈਲੀਵੀਜ਼ਨ ਉੱਪਰ ਇਸ ਪ੍ਰੋਗਰਾਮ ਨੂੰ ਦੇਖਦੇ ਹਨ। ਦੇਸ ਦੀ ਰਾਜਧਾਨੀ ਤੋਂ ਇਲਾਵਾ ਦੇਸ ਭਰ ਵਿੱਚ ਭਿੰਨ-ਭਿੰਨ ਥਾਂਵਾਂ ਉੱਤੇ ਇਸ ਦਿਨ ਨੂੰ ਮਨਾਇਆ ਜਾਂਦਾ ਹੈ। ਰਾਜਾਂ ਦੇ ਮੁੱਖ ਮੰਤਰੀ, ਦੂਸਰੇ ਮੰਤਰੀ ਤੇ ਜ਼ਿਲ੍ਹਾ ਅਧਿਕਾਰੀ ਭਿੰਨ-ਭਿੰਨ ਮਿੱਥੇ ਥਾਂਵਾਂ ਉੱਪਰ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਦੇ ਹਨ।



**ਦੇਸ ਪ੍ਰਤੀ ਸਾਡਾ ਫ਼ਰਜ਼ –** ਭਾਰਤੀਆਂ ਨੂੰ ਇਹ ਦਿਨ ਬੇਅੰਤ ਕੁਰਬਾਨੀਆਂ ਅਤੇ ਸੈਂਕੜੇ ਸ਼ਹੀਦੀਆਂ ਪਿੱਛੋਂ ਪ੍ਰਾਪਤ ਹੋਇਆ ਹੈ। ਅੱਜ ਸਾਡਾ ਕਰਤੱਵ ਹੈ ਕਿ ਅਸੀਂ ਭਾਰਤ ਦੀ ਅਜ਼ਾਦੀ ਨੂੰ ਕਾਇਮ ਰੱਖਣ ਲਈ ਆਪਣਾ ਤਨ, ਮਨ ਅਤੇ ਧਨ ਕੁਰਬਾਨ ਕਰਨ ਲਈ ਤਿਆਰ ਰਹੀਏ ।